# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-08-2024**

- ਭਾਰਤੀ ਪੁਲਾੜ ਖੋਜ ਸੰਗਠਨ ਇਸਰੋ ਨੇ, ਸ਼੍ਰੀਹਰੀਕੋਟਾ ਸਥਿਤ ਸਤੀਸ਼ ਧਵਨ ਪੁਲਾੜ ਕੇਂਦਰ ਤੋਂ ਅੱਜ ਸਵੇਰੇ ਨਵੇਂ ਰਾਕੇਟ SSLV-D-3 ਨੂੰ ਲਾਂਚ ਕੀਤਾ।
- ਕੋਲਕਾਤਾ 'ਚ ਮਹਿਲਾ ਡਾਕਟਰ ਨਾਲ ਜਬਰ ਜਨਾਹ ਤੇ ਕਤਲ ਖ਼ਿਲਾਫ਼, ਪੰਜਾਬ ਦੇ ਸਰਕਾਰੀ ਹਸਪਤਾਲਾਂ ਦੇ ਡਾਕਟਰ ਅੱਜ
- ਸਵੇਰ ਤੋਂ 24 ਘੰਟੇ ਦੀ ਹੜਤਾਲ 'ਤੇ ਚਲੇ ਗਏ ਨੇ, ਸੂਬੇ ਭਰ ਵਿਚ ਸਿਹਤ ਸੇਵਾਵਾਂ ਤੇ ਮਾੜਾ ਅਸਰ ਪਿਆ ਏ।
- ਪੰਜਾਬ ਦੇ ਰਾਜਪਾਲ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਤਿੰਨ ਨਵੇਂ ਰਾਜ ਸੂਚਨਾ ਕਮਿਸ਼ਨਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ।
- ਪੰਜਾਬ ਸਰਕਾਰ ਨੇ ਚਾਰ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਸਮੇਤ ਸੀਨੀਅਰ ਪ੍ਰਸ਼ਾਸਨਿਕ ਤੇ ਪੁਲਿਸ ਅਧਿਕਾਰਿਆਂ ਦੇ ਵੱਡੀ ਪੱਧਰ ਤੇ ਤਬਾਦਲੇ ਕੀਤੇ ਨੇ।

---------------------------------------------------

ਭਾਰਤੀ ਪੁਲਾੜ ਖੋਜ ਸੰਗਠਨ ਇਸਰੋ ਨੇ, ਆਂਧਰਾ ਪ੍ਰਦੇਸ਼ ਦੇ ਸ੍ਰੀ-ਹਰੀਕੋਟਾ ਸਥਿਤ ਸਤੀਸ਼ ਧਵਨ ਪੁਲਾੜ ਕੇਂਦਰ ਤੋਂ, ਅੱਜ ਸਵੇਰੇ 9 ਵੱਜ ਕੇ 17 ਮਿੰਟ 'ਤੇ ਨਵੇਂ ਰਾਕੇਟ SSLV- D- 3 ਨੂੰ ਲਾਂਚ ਕੀਤਾ । ਇਸ ਦੇ ਨਾਲ ਹੀ, EOS-08 ਮਿਸ਼ਨ ਵਜੋਂ, ਨਵਾਂ ਅਰਥ ਆਬਜ਼ਰਵੇਸ਼ਨ ਸੈਟੇਲਾਈਟ ਲਾਂਚ ਕੀਤਾ ਗਿਆ । ਇਸਰੋ ਦੇ ਮੁਖੀ ਡਾ. ਐੱਸ. ਸੋਮਨਾਥ ਨੇ ਲਾਂਚਿੰਗ ਦੀ ਕਾਮਯਾਬੀ ਬਾਰੇ ਜਾਣਕਾਰੀ ਦਿੰਦੇ ਹੋਏ ਇਸ ਲਈ ਸਮੁੱਚੀ ਟੀਮ ਨੂੰ ਵਧਾਈ ਦਿੱਤੀ । EOS - 08 ਧਰਤੀ ਦੀ ਨਿਗਰਾਨੀ ਕਰਨ ਦੇ ਨਾਲ, ਵਾਤਾਵਰਨ ਤੇ ਤਬਾਹੀ ਬਾਰੇ ਜਾਣਕਾਰੀ ਪ੍ਰਦਾਨ ਕਰਨ ਦੇ ਨਾਲ ਹੀ ਤਕਨੀਕੀ ਪ੍ਰਦਰਸ਼ਨ ਵੀ ਕਰੇਗਾ । ਇਸਰੋ ਦੇ ਅਨੁਸਾਰ, ਇਸਦੇ ਯੋਜਨਾਬੱਧ ਇੱਕ ਸਾਲ ਦੇ ਮਿਸ਼ਨ ਜੀਵਨ ਦੇ ਨਾਲ, EOS - 08 ਮਹੱਤਵਪੂਰਨ ਡੇਟਾ ਪ੍ਰਦਾਨ ਕਰੇਗਾ । ਕਾਮਯਾਬ ਲਾਂਚਿੰਗ ਤੋਂ ਬਾਅਦ, ਇਸਰੋ ਦੇ ਮੁਖੀ ਡਾ. ਐੱਸ. ਸੋਮਨਾਥ ਨੇ ਕਿਹਾ ਕਿ ਸਾਡੀ ਲਾਂਚਿੰਗ ਸਹੀ ਏ । ਸੈਟੇਲਾਈਟ ਸਹੀ ਥਾਂ 'ਤੇ ਪਹੁੰਚ ਗਿਆ ਏ । ਉਨਾਂ ਕਿਹਾ ਕਿ ਹੁਣ ਅਸੀਂ ਕਹਿ ਸਕਦੇ ਹਾਂ ਕਿ SSLV ਰਾਕੇਟ ਦੀ ਤੀਜੀ ਡਿਮਾਂਸਟ੍ਰੇਸ਼ਨ ਉਡਾਣ ਕਾਮਯਾਬ ਰਹੀ ਏ । ਉਨ੍ਹਾਂ ਕਿਹਾ ਕਿ ਉਹ ਹੁਣ, ਇਸ ਰਾਕੇਟ ਦੀ ਤਕਨੀਕੀ ਜਾਣਕਾਰੀ ਉਦਯੋਗ ਨਾਲ ਸਾਂਝੀ

ਕਰਨਗੇ , ਤਾਂ ਜੋ ਵੱਧ ਤੋਂ ਵੱਧ ਗਿਣਤੀ ਵਿੱਚ ਰਾਕੇਟ ਦਾ ਨਿਰਮਾਣ ਕੀਤਾ ਜਾ ਸਕੇ ਅਤੇ ਛੋਟੇ ਸੈਟੇਲਾਈਟਾਂ ਦੀ ਲਾਂਚਿੰਗ ਵਧੇਰੇ ਹੋ ਸਕੇ।

---------------------------------------------------------

ਕੋਲਕਾਤਾ 'ਚ ਮਹਿਲਾ ਡਾਕਟਰ ਨਾਲ ਜਬਰ ਜਨਾਹ ਤੇ ਕਤਲ ਵਿਰੁੱਧ, ਪੰਜਾਬ ਦੇ ਸਰਕਾਰੀ ਹਸਪਤਾਲਾਂ ਦੇ ਡਾਕਟਰ ਅੱਜ ਸਵੇਰੇ 24 ਘੰਟੇ ਦੀ ਹੜਤਾਲ 'ਤੇ ਚਲੇ ਗਏ, ਜਿਸ ਨਾਲ ਸੂਬੇ ਭਰ ਵਿਚ ਸਿਹਤ ਸੇਵਾਵਾਂ ਤੇ ਮਾੜਾ ਅਸਰ ਪਿਆ ਏ। ਡਾਕਟਰਾਂ ਨੇ ਓ. ਪੀ. ਡੀ. ਵਿੱਚ ਮਰੀਜਾਂ ਦੀ ਜਾਂਚ ਨਹੀਂ ਕੀਤੀ ਪਰ ਐਮਰਜੈਂਸੀ ਵਿੱਚ ਆਉਣ ਵਾਲੇ ਮਰੀਜ਼ਾਂ ਦਾ ਇਲਾਜ ਕੀਤਾ ਜਾ ਰਿਹਾ ਏ । ਹੜਤਾਲ ਨੂੰ ਮੁਹੱਲਾ ਕਲੀਨਿਕਾਂ ਦੇ ਡਾਕਟਰਾਂ ਦੀ ਵੀ ਹਮਾਇਤ ਮਿਲੀ ਏ । ਅਚਾਨਕ ਹੜਤਾਲ ਹੋਣ ਕਾਰਣ, ਅਸਪਤਾਲਾਂ ਵਿਚ ਪੁੱਜੇ ਮਰੀਜਾਂ ਨੂੰ ਕਾਫੀ ਖਜਲ ਖੁਆਰ ਹੋਣਾ ਪਿਆ। ਅੰਮ੍ਰਿਤਸਰ ਦੇ ਸਰਕਾਰੀ ਮੈਡੀਕਲ ਕਾਲਜ ਵਿਖੇ, ਰੈਜ਼ੀਡੈਂਟ ਡਾਕਟਰਜ਼ ਐਸੋਸੀਏਸ਼ਨ ਨੇ ਸਾਰੀਆਂ ਗੈਰ-ਜ਼ਰੂਰੀ ਸੇਵਾਵਾਂ ਨੂੰ ਮੁਅੱਤਲ ਕਰਨ ਦਾ ਐਲਾਨ ਕੀਤਾ । ਗੁਰੂ ਨਾਨਕ ਦੇਵ ਹਸਪਤਾਲ ਵਿੱਚ ਵੀ ਡਾਕਟਰਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ । ਸਿਵਿਲ ਹਸਪਤਾਲ ਫਤਿਹਗੜ੍ਹ ਸਾਹਿਬ ਦੇ ਸਰਕਾਰੀ ਹਸਪਤਾਲ ਦੇ ਡਾਕਟਰਾਂ ਇਕ ਰੋਸ ਮਾਰਚ ਵੀ ਕੱਢਿਆ। ਜ਼ਿਲ੍ਹਾ ਪ੍ਰਧਾਨ ਡਾ.

ਕਵਰਪਾਲ ਸਿੰਘ ਨੇ ਕਿਹਾ ਕਿ ਇਸ ਪ੍ਰਦਰਸ਼ਨ ਦਾ ਮੰਤਵ ਇਸ ਦੁਖਦਾਈ ਘਟਨਾ ਪ੍ਰਤੀ ਗੁੱਸਾ ਪ੍ਰਗਟ ਕਰਨਾ ਅਤੇ ਪੀੜਤ ਡਾਕਟਰ ਲਈ ਇਨਸਾਫ਼ ਦੀ ਮੰਗ ਕਰਨਾ ਏ। ਉਨਾਂ ਕਿਹਾ ਕਿ ਸਰਕਾਰ ਨੂੰ ਇਸ ਤੇ ਧਿਆਨ ਦੇ ਕੇ ਘਟਨਾ ਦੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਦੇਣੀ ਚਾਹੀਦੀ ਏ ਅਤੇ ਸਰਕਾਰ ਔਰਤਾਂ ਦੀ ਸੁਰੱਖਿਆ ਲਈ ਸਖ਼ਤ ਕਾਨੂੰਨ ਨੂੰ ਬਣਾਵੇ ਤਾਂ ਜੋ ਕਿਸੇ ਨੂੰ ਵੀ ਕਿਸੇ ਔਰਤ ਨਾਲ ਅਜਿਹੀ ਘਟਨਾ ਕਰਨ ਦੀ ਹਿੰਮਤ ਨਾ ਹੋਵੇ।

---------------------------------------------------

ਏਧਰ ਕੇਂਦਰੀ ਸਿਹਤ ਮੰਤਰਾਲੇ ਨੇ ਕਿਹਾ ਏ, ਕਿ ਡਾਕਟਰਾਂ ਵਿਰੁੱਧ ਹਿੰਸਾ ਦੇ ਮਾਮਲੇ ਵਿੱਚ, ਸਬੰਧਤ ਸੰਸਥਾਨ ਦੇ ਮੁਖੀ ਲਈ ਵੱਧ ਤੋਂ ਵੱਧ 6 ਘੰਟਿਆਂ ਵਿੱਚ ਸੰਸਥਾ ਵਲੋਂ ਐਫ. ਆਈ. ਆਰ. ਦਾਇਰ ਕਰਨਾ ਲਾਜ਼ਮੀ ਹੋਵੇਗਾ। ਸਿਹਤ ਸੇਵਾਵਾਂ ਦੇ ਡਾਇਰੈਕਟਰ ਜਨਰਲ ਅਤੁਲ ਗੋਇਲ ਨੇ ਇਸ ਸਬੰਧੀ ਕੇਂਦਰ ਸਰਕਾਰ ਦੇ ਹਸਪਤਾਲਾਂ ਅਤੇ ਮੈਡੀਕਲ ਕਾਲਜਾਂ ਦੇ ਮੁਖੀਆਂ ਨੂੰ ਪੱਤਰ ਲਿਖਿਆ ਏ। ਆਪਣੇ ਪੱਤਰ ਵਿੱਚ ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਦੇਖਣ ਵਿੱਚ ਆਇਆ ਏ, ਕਿ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਤੇ ਹੋਰ ਸਿਹਤ ਕਾਮਿਆਂ ਵਿਰੁੱਧ ਹਿੰਸਾ

ਆਮ ਹੋ ਗਈ ਏ ਅਤੇ ਕਈ ਸਿਹਤ ਕਾਮਿਆਂ ਨੂੰ ਡਿਊਟੀ ਦੌਰਾਨ ਹਿੰਸਾ ਦਾ ਸਾਹਮਣਾ ਕਰਨਾ ਪੈਂਦਾ ਏ ।

---------------------------------------------------------------

ਪੰਜਾਬ ਵਿੱਚੋਂ ਕੇਂਦਰੀ ਸੜਕ ਪ੍ਰੋਜੈਕਟਾਂ ਦਾ ਵਾਪਿਸ ਹੋਣਾ, ਸੂਬੇ ਲਈ ਮੰਦਭਾਗਾ ਏ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਏ। ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ  ਸਰਕਾਰ ਬਹੁ ਕਰੋੜੀ ਪ੍ਰੋਜੈਕਟਾਂ ਲਈ ਸੂਬੇ ਵਿਚ ਜ਼ਮੀਨ ਮੁਹਈਆ ਕਰਵਾਉਣ ਵਿੱਚ ਬੁਰੀ ਤਰ੍ਹਾਂ ਨਾਕਾਮ ਰਹੀ ਏ । ਉਨ੍ਹਾਂ ਕਿਹਾ ਕਿ ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਇਸ ਹੱਦ ਤੱਕ ਬਦਹਾਲ ਹੋ ਚੁੱਕੀ ਏ ਕਿ ਠੇਕੇਦਾਰਾਂ ਵਲੋਂ ਕੰਮ ਕਰਨ ਤੋਂ ਇਨਕਾਰ ਕਰਨ ਕੀਤਾ ਜਾ ਰਿਹਾ ਏ । ਬਿਕਰਮਜੀਤ ਸਿੰਘ ਚੀਮਾ ਨੇ ਕਿਹਾ ਕਿ ਜ਼ਮੀਨਾਂ ਦੀ ਕੀਮਤ ਤੈਅ ਕਰਨ ਦੀ ਜਿੱਮੇਦਾਰੀ ਪੰਜਾਬ ਸਰਕਾਰ ਦੀ ਹੁੰਦੀ ਏ ਅਤੇ ਜਿਸ ਰੇਟ ਨੂੰ ਸੂਬਾ ਸਰਕਾਰ ਨੇ ਤੈਅ ਕੀਤਾ ਏ, ਕੇਂਦਰ ਸਰਕਾਰ ਉਸ ਤੇ ਅਮਲ ਕਰਦਿਆਂ ਹੀ ਸੜਕ ਪ੍ਰੋਜੈਕਟਾਂ ਲਈ ਜ਼ਮੀਨਾਂ ਐਕਵਾਇਰ ਕਰ ਰਹੀ ਏ। ਉਨਾਂ ਯਾਦ ਦਵਾਇਆ ਕਿ ਕੁਝ ਸਮੇਂ ਪਹਿਲਾਂ ਹੀ ਸੂਬੇ ਦੀਆਂ ਰੋਡ ਸੰਘਰਸ਼ ਕਮੇਟੀਆਂ ਦੇ ਮੁਖੀਆਂ ਨੇ ਦਿੱਲੀ ਜਾ ਕੇ ਕੇਂਦਰੀ ਮੰਤਰੀ

ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ ਸੀ ਅਤੇ ਉਸ ਵੇਲੇ ਨਿਤਿਨ ਗਡਕਰੀ ਨੇ ਯਕੀਨ ਦਵਾਇਆ ਸੀ, ਕਿ ਸੂਬਾ ਸਰਕਾਰ ਕਿਸਾਨਾਂ ਦੀ ਜ਼ਮੀਨਾਂ ਦਾ ਜਿਹੜਾ ਵੀ ਮੁੱਲ ਤੈਅ ਕਰੇਗੀ, ਐਨ ਐਚ ਏ ਆਈ ਵਲੋਂ ਉਸਦਾ  ਪੂਰਾ ਭੁਗਤਾਨ ਕੀਤਾ ਜਾਵੇਗਾ। ਬਿਕਰਮਜੀਤ ਸਿੰਘ ਚੀਮਾ ਨੇ ਕਿਹਾ ਕਿ ਸੂਬਾ ਸਰਕਾਰ, ਆਪਣੀਆ ਸਾਰੀਆਂ ਨਾਕਾਮੀਆਂ ਲੁਕਾਉਣ ਲਈ, ਹਰ ਗੱਲ ਕੇਂਦਰ ਸਰਕਾਰ ਵੱਲ ਕਰ ਦਿੰਦੀ ਏ।

---------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਡਾ: ਭੁਪਿੰਦਰ ਸਿੰਘ ਬਾਠ, ਸੰਦੀਪ ਸਿੰਘ ਧਾਲੀਵਾਲ ਅਤੇ ਵਰਿੰਦਰਜੀਤ ਸਿੰਘ ਬਿਲਿੰਗ ਨੂੰ ਸੂਚਨਾ ਅਧਿਕਾਰ ਕਮਿਸ਼ਨ ਦੇ ਨਵੇਂ ਰਾਜ ਸੂਚਨਾ ਕਮਿਸ਼ਨਰਾਂ ਵਜੋਂ, ਅੱਜ ਪੰਜਾਬ ਰਾਜ ਭਵਨ ਚੰਡੀਗੜ੍ਹ ਵਿਖੇ ਅਹੁਦੇ ਦੀ ਸਹੁੰ ਚੁਕਾਈ। ਸਮਾਗਮ ਦਾ ਸੰਚਾਲਨ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕੀਤਾ। ਸਹੁੰ ਚੁੱਕ ਸਮਾਗਮ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ, ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਧੰਨਾ ਅਤੇ ਹੋਰ ਸੀਨੀਅਰ ਅਧਿਕਾਰੀ

ਮੌਜੂਦ ਰਹੇ। ਜਿਕਰਯੋਗ ਏ, ਕਿ ਸੂਬੇ ਦੇ ਨਵ-ਨਿਯੁਕਤ ਰਾਜ ਸੂਚਨਾ ਕਮਿਸ਼ਨਰਾਂ ਦੀ ਨਿਯੁਕਤੀ ਨੂੰ ਸਰਕਾਰ ਵੱਲੋਂ ਬੀਤੇ 12 ਅਗਸਤ ਨੂੰ ਰਸਮੀ ਤੋਰ ਤੇ ਨੋਟੀਫਾਈ ਕੀਤਾ ਗਿਆ ਸੀ। ਇਹਨਾਂ ਨਵੇ ਰਾਜ ਸੂਚਨਾ ਕਮਿਸ਼ਨਰਾਂ ਦੀ ਨਿਯੁਕਤੀ ਨਾਲ ਕਮਿਸ਼ਨ ਦੇ ਕੰਮਾਂ ਵਿੱਚ ਹੋਰ ਪਾਰਦਰਸ਼ਤਾ ਆਵੇਗੀ।

-------------------------------------------------------

ਸਾਲ 1947 ਵਿਚ ਦੇਸ਼ ਦੀ ਵੰਡ ਦੌਰਾਨ ਜਾਨਾਂ ਗਵਾਉਣ ਵਾਲੇ ਲੱਖਾਂ ਪੰਜਾਬੀਆਂ ਦੀ ਯਾਦ ’ਚ, ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਵਿਖੇ, ਅਰਦਾਸ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ, ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਸਰਵਣ ਕਰਵਾਇਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਇਸ ਮੌਕੇ ਤੇ ਹਾਜ਼ਰੀ ਭਰੀ ।

---------------------------------------------------------------

ਗਣਤੰਤਰ ਦਿਵਸ 2024 ਦਿੱਲੀ ਵਿੱਚ ਹੋਏ, ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੇ 6 ਬਟਾਲੀਅਨ ਦੇ 18 ਐਨ ਸੀ ਸੀ ਕੈਡਿਟਾਂ ਨੂੰ ਗਰੁੱਪ ਹੈੱਡ-ਕੁਆਰਟਰ ਵਿਖੇ, ਗਰੁੱਪ ਕਮਾਂਡਰ ਬ੍ਰਿਗੇਡੀਅਰ ਅਜੇ ਤਿਵਾੜੀ ਨੇ ਬੀਤੇ ਦਿਨੀ ਟਰਾਫ਼ੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ । ਜਲੰਧਰ ਦੇ PCM ਐਸ.ਡੀ ਕਾਲਜ ਦੀ ਐਸੋਸੀਏਟ ਐਨ ਸੀ ਸੀ ਅਫਸਰ, ਕੈਪਟਨ ਪ੍ਰਿਆ ਮਹਾਜਨ ਨੂੰ ਵੀ ਸਨਮਾਨਿਤ ਹੋਣ ਵਾਲਿਆਂ ਵਿਚ ਸ਼ਾਮਲ ਰਹੇ । ਬ੍ਰਿਗੇਡੀਅਰ ਅਜੇ ਤਿਵਾੜੀ ਨੇ ਕੈਪਟਨ ਪ੍ਰਿਆ ਮਹਾਜਨ ਅਤੇ ਵੱਖ-ਵੱਖ ਬਟਾਲੀਅਨਾਂ ਦੇ 18 ਕੈਡਿਟਾਂ ਨੂੰ ਔਖੇ ਮੁਕਾਬਲਿਆਂ ਅਤੇ ਓ.ਟੀ.ਏ ਗਵਾਲੀਅਰ ਵਿਖੇ ਪਰੇਡ ਤੇ ਕਰਤਵਯ ਪਥ ਦਿੱਲੀ ਵਿੱਚ ਜੇਤੂ ਰਹਿਣ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਜਲੰਧਰ ਗਰੁੱਪ ਦੇ 18 ਕੈਡੇਟ ਪੰਜਾਬ ਦਾ ਮਾਣ ਨੇ । ਟੂ ਪੰਜਾਬ ਐਨ ਸੀ ਸੀ ਬਟਾਲੀਅਨ ਦੇ ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ ਨੇ ਕਿਹਾ ਕਿ ਆਰ ਡੀ ਸੀ ਕੈਂਪ ਐਨ ਸੀ ਸੀ ਦੇ, 15 ਕੌਮੀ ਕੈਂਪਾਂ ਵਿੱਚੋਂ ਸਭ ਤੋਂ

ਵੱਡਾ ਏ ਅਤੇ ਇਸ ਤੱਕ ਪੁੱਜਣ ਲਈ ਕੈਡਿਟਾਂ ਨੂੰ 9 ਕੈਂਪਾਂ ਵਿੱਚ ਸਖ਼ਤ ਮੁਕਾਬਲਿਆਂ ਚੋਂ ਲੰਘਣਾ ਪੈਂਦਾ ਏ।

--------------------------------------------------

ਪੰਜਾਬ ਸਰਕਾਰ ਨੇ ਅੱਜ ਸੂਬੇ ਵਿਚ ਸੀਨੀਅਰ ਪ੍ਰਸ਼ਾਸਨਿਕ ਤੇ ਪੁਲਿਸ ਅਧਿਕਾਰਿਆਂ ਦੇ ਵੱਡੀ ਪੱਧਰ ਤੇ ਤਬਾਦਲੇ ਕੀਤੇ ਨੇ। ਚਾਰ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਵੀ ਬਦਲੇ ਗਏ ਨੇ । ਇਨਾਂ ਵਿਚ ਮਾਨਸਾ, ਮੋਗਾ, ਗੁਰਦਾਸਪੁਰ ਅਤੇ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਸ਼ਾਮਲ ਨੇ । ਇਸ ਤੋਂ ਇਲਾਵਾ ਇਕ IAS ਤੇ 20 PCS ਅਧਿਕਾਰੀਆਂ ਦਾ ਤਬਾਦਲਾ ਵੀ ਕੀਤਾ ਗਿਆ । ਇਨਾਂ ਵਿਚ ਵਧੀਕ ਡਿਪਟੀ ਕਮਿਸ਼ਨਰ ਤੇ ਐੱਸ ਡੀ ਐੱਮ ਸ਼ਾਮਲ ਨੇ । ਏਧਰ ਪੁਲਿਸ ਦੇ 2 IPS, 9 SP ਅਤੇ 210 DSP ਪੱਧਰ ਦੇ ਅਧਿਕਾਰਿਆਂ ਦੇ ਤਬਾਦਲੇ ਤੇ ਨਿਯੁਕਤੀ ਸੰਬੰਧੀ ਹੁਕਮ ਜਾਰੀ ਕੀਤੇ ਗਏ ਨੇ।

--------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਜਲੰਧਰ- ਬਟਾਲਾ ਸ਼ਾਹਰਾਹ 'ਤੇ ਪਿੱਛਾ ਕਰਦਿਆਂ, ਜੱਗੂ ਭਗਵਾਨ-ਪੁਰੀਆ ਗਿਰੋਹ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ, ਉਨ੍ਹਾਂ ਕੋਲੋਂ ਵੱਡੀ ਮਾਤਰਾ ਵਿੱਚ ਹਥਿਆਰ ਤੇ ਵਾਹਨ ਬਰਾਮਦ ਕੀਤੇ ਨੇ। ਇਸ ਨਾਲ ਸੂਬੇ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ

ਸਪਲਾਈ ਕਰਨ ਵਾਲੇ ਇੱਕ ਕੌਮਾਂਤਰੀ ਨੈਟਵਰਕ ਦਾ ਪਰਦਾਫਾਸ਼ ਹੋ ਗਿਆ ਏ । DGP ਗੌਰਵ ਯਾਦਵ ਨੇ ਇਹ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਪੁਲਿਸ ਟੀਮਾਂ ਨੇ, ਇਨਾਂ ਕੋਲੋਂ ਚਾਰ ਹਥਿਆਰ ਬਰਾਮਦ ਕੀਤੇ ਨੇ । ਉਨਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਗਿਰੋਹ ਦੇ ਸਰਗਨਾ ਆਸਰਤ ਕੰਠ ਉਰਫ਼ ਸਾਬੀ ਨੇ ਮੰਨਿਆ ਕਿ ਜ਼ਬਤ ਹਥਿਆਰ ਜੱਗੂ ਭਗਵਾਨ-ਪੁਰੀਆ ਗੈਂਗ ਦੇ ਜਰਮਨੀ ਵਿੱਚ ਰਹਿੰਦੇ ਗੁਰਗੇ ਅਮਨ ਉਰਫ਼ ਅੰਡਾ ਵੱਲੋਂ ਸਪਲਾਈ ਕੀਤੇ ਗਏ ਸਨ । ਇਸ ਓਪਰੇਸ਼ਨ ਦੇ ਵੇਰਵੇ ਸਾਂਝੇ ਕਰਦੇ ਹੋਏ, ਜਲੰਧਰ ਦਿਹਾਤੀ ਦੇ ਐਸ ਐਸ ਪੀ ਹਰ-ਕਮਲਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਪੁਲਿਸ ਨੇ ਭਰੋਸੇਯੋਗ ਸੂਚਨਾ ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਇਨਾਂ ਨੂੰ ਗਿਰਫਤਾਰ ਕਰਨ ਵਿਚ ਕਾਮਯਾਬੀ ਹਾਸਲ ਕੀਤੀ ਏ । ਉਨਾਂ ਦੱਸਿਆ ਕਿ ਇਹ ਗਰੋਹ ਪਹਿਲਾਂ 23 ਜੁਲਾਈ ਨੂੰ ਬਟਾਲਾ ਦੇ ਗਾਂਧੀ ਕੈਂਪ ਵਿੱਚ ਇੱਕ ਗੋਲੀਬਾਰੀ ਦੀ ਵਾਰਦਾਤ ਵਿੱਚ ਸ਼ਾਮਲ ਸੀ, ਜਿੱਥੇ ਇਹਨਾਂ ਨੇ ਇੱਕ ਵਿਰੋਧੀ ਗਿਰੋਹ ਦਾ ਮੈਂਬਰ ਯੁੱਧਵੀਰ ਉਰਫ਼ ਯੋਧਾ ਮਾਰਿਆ ਸੀ ਅਤੇ ਇੱਕ ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ ਸੀ ।

---------------------------------------------------

ਪੰਜਾਬ BJP ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਫਤਿਹ ਜੰਗ

ਸਿੰਘ ਬਾਜਵਾ ਨੇ, ਆਜ਼ਾਦੀ ਦਿਵਸ ਮੌਕੇ ਸਹੀ ਰਾਸ਼ਟਰੀ ਗੀਤ ਨਾ ਗਾਉਣ ਵਾਲੇ, ਆਮ ਆਦਮੀ ਪਾਰਟੀ ਦੇ ਆਗੂ ਖ਼ਿਲਾਫ਼ ਰਾਸ਼ਟਰੀ ਗੀਤ ਐਕਟ ਦੀ ਧਾਰਾ 3 ਤਹਿਤ ਤੁਰੰਤ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਏ। ਇਕ ਬਿਆਨ ਵਿਚ ਉਨ੍ਹਾਂ ਕਿਹਾ ਕਿ ਵੀਰਵਾਰ ਨੂੰ ਜਦੋਂ ਆਮ ਆਦਮੀ ਪਾਰਟੀ ਦੇ ਸਥਾਨਕ ਇੰਚਾਰਜ ਸ਼ਮਸ਼ੇਰ ਸਿੰਘ ਨੇ ਗੁਰਦਾਸਪੁਰ ਜ਼ਿਲੇ ਦੇ ਦੀਨਾਨਗਰ ਦੇ ਮਹਾਰਾਜਾ ਰਣਜੀਤ ਸਿੰਘ ਪਾਰਕ ਵਿਖੇ ਤਿਰੰਗਾ ਲਹਿਰਾਇਆ ਤਾਂ ਉਥੇ ਮੌਜੂਦ ਦਰਜਨਾਂ ਲੋਕਾਂ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਦੇ ਇੱਕ ਹੋਰ ਆਗੂ ਪਰਮਿੰਦਰ ਸਿੰਘ ਨੇ ਰਾਸ਼ਟਰੀ ਗੀਤ ਗਾਉਣਾ ਸ਼ੁਰੂ ਕਰ ਦਿੱਤਾ, ਪਰ ਉਹ ਇਸ ਨੂੰ ਸਹੀ ਢੰਗ ਨਾਲ ਨਹੀਂ ਗਾ ਸਕੇ। ਫਤਿਹ ਜੰਗ ਸਿੰਘ ਬਾਜਵਾ ਨੇ ਦੋਸ਼ ਲਾਇਆ ਕਿ ਹਲਕਾ ਇੰਚਾਰਜ ਦੀ ਮੌਜੂਦਗੀ ਵਿੱਚ ਰਾਸ਼ਟਰੀ ਗੀਤ ਦਾ ਅਪਮਾਨ ਕੀਤਾ ਗਿਆ ਅਤੇ ਇਹ ਦੇਸ਼ ਦੇ ਕੌਮੀ ਝੰਡੇ ਦਾ ਵੀ ਅਪਮਾਨ ਏ। ਉਨਾਂ ਕਿਹਾ ਕਿ ਜਾਣਬੁੱਝ ਕੇ ਕੀਤੇ ਗਏ ਇਸ ਅਪਰਾਧ ਲਈ ਸਜ਼ਾ ਮਿਲਣੀ ਚਾਹੀਦੀ ਏ।

---------------------------------------------------------

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਅਤੇ ਭਾਰਤ ਰਤਨ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ।

ਨਵੀਂ ਦਿੱਲੀ 'ਚ ਅਟਲ ਬਿਹਾਰੀ ਵਾਜਪਾਈ ਦੇ ਸਮਾਰਕ ਸਦੈਵ ਅਟੱਲ 'ਤੇ ਇਕ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਰੱਖਿਆ ਮੰਤਰੀ ਰਾਜਨਾਥ ਸਿੰਘ, ਲੋਕ ਸਭਾ ਸਪੀਕਰ ਓਮ ਬਿਰਲਾ ਅਤੇ ਕੇਂਦਰੀ ਮੰਤਰੀ ਮੰਡਲ ਦੇ ਕਈ ਮੈਂਬਰਾਂ ਤੇ ਸਿਆਸਤਦਾਨਾਂ ਨੇ 'ਸਦੈਵ ਅਟਲ' 'ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਯਾਦ ਕੀਤਾ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅਟਲ ਬਿਹਾਰੀ ਵਾਜਪਾਈ ਨੂੰ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਵਿਲੱਖਣ ਯੋਗਦਾਨ ਲਈ ਯਾਦ ਕੀਤਾ ਜਾਂਦਾ ਏ।